# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

**(ਕੇਵਲ ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪਰੀਖਿਆ ਸਬੰਧੀ)**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2017-18 ਦੀ ਤੀਜੀ ਤਿਮਾਹੀ ਦੀ ਪਰੀਖਿਆ ਲੈਣ ਲਈ ਮਿਤੀ 26-10-2017 ਅਤੇ 27-10-2017 ਨਿਸ਼ਚਿਤ ਕੀਤੀ ਗਈ ਹੈ। ਪੰਜਾਬੀ-ਏ ਵਿਸ਼ੇ ਦੀ ਪਰੀਖਿਆ ਮਿਤੀ 26-10-2017 ਅਤੇ ਪੰਜਾਬੀ-ਬੀ ਵਿਸ਼ੇ ਦੀ ਪਰੀਖਿਆ ਮਿਤੀ 27-10-2017 ਨੂੰ ਹੋਵੇਗੀ। ਪਰੀਖਿਆ ਫਾਰਮ ਬੋਰਡ ਦੀ ਵੈਬਸਾਈਟ ਤੇ ਮਿਤੀ 03-10-2017 ਤੋਂ ਉਪਲੱਬਧ ਹੋਣਗੇ। ਪਰੀਖਿਆ ਸਬੰਧੀ ਆਨ-ਲਾਈਨ ਪਰੀਖਿਆ ਫਾਰਮ ਹਰ ਪੱਖੋਂ ਮੁਕੰਮਲ ਕਰਨ ਉਪਰੰਤ ਮਿਤੀ 17-10-2017 ਤੱਕ ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਸਾਹਿਬਜਾਦਾ ਅਜੀਤ ਸਿੰਘ ਨਗਰ ਵਿਖੇ ਸਬੰਧਤ ਪਰੀਖਿਆ ਸ਼ਾਖਾ ਵਿੱਚ ਪ੍ਰਾਪਤ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਮਿਤੀ 23-10-2017 ਤੋਂ ਉਪਲੱਬਧ ਹੋਣਗੇ। ਪਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਪਰੀਖਿਆਰਥੀ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ, ਫੋਟੋ ਪਹਿਚਾਣ ਪੱਤਰ ਅਤੇ ਉਹਨਾਂ ਦੀਆਂ ਤਸਦੀਕਸ਼ੁਦਾ ਫੋਟੋ ਕਾਪੀਆਂ ਨਾਲ ਲੈ ਕੇ ਆਉਣ। ਪਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬ ਸਾਈਟ www.pseb.ac.in ਵੇਖੀ ਜਾਵੇ।

ਸਕੱਤਰ